# Telephone Conversation between PM and the President of United States of America

April 04, 2020

## ਪ੍ਰਧਾਨ ਮੰਤਰੀ ਅਤੇ ਸੰਯੁਕਤ ਰਾਜ ਅਮਰੀਕਾ ਦੇ ਰਾਸ਼ਟਰਪਤੀ ਵਿਚਾਲੇ ਟੈਲੀਫੋਨ ਰਾਹੀਂ ਗੱਲਬਾਤ

04 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਸੰਯੁਕਤ ਰਾਜ ਅਮਰੀਕਾ ਦੇ ਰਾਸ਼ਟਰਪਤੀ ਮਹਾਮਹਿਮ ਡੋਨਾਲਡ ਟਰੰਪ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ। ਦੋਨਾਂ ਆਗੂਆਂ ਨੇ ਮੌਜੂਦਾ ਕੋਵਿਡ -19 ਮਹਾਂਮਾਰੀ ਅਤੇ ਦੁਨੀਆਂ ਭਰ 'ਚ ਲੋਕਾਂ ਦੀ ਸਿਹਤ ਅਤੇ ਆਰਥਿਕਤਾ ਉੱਤੇ ਪੈ ਰਹੇ ਇਸ ਦੇ ਅਸਰਾਂ ਬਾਰੇ ਵਿਚਾਰ ਵਟਾਂਦਰਾ ਕੀਤਾ।

ਪ੍ਰਧਾਨ ਮੰਤਰੀ ਨੇ ਸੰਯੁਕਤ ਰਾਜ ਅਮਰੀਕਾ ਅੰਦਰ ਹੋਏ ਜਾਨੀ ਨੁਕਸਾਨ ਉੱਪਰ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਅਜੇ ਵੀ ਇਸ ਬਿਮਾਰੀ ਨਾਲ ਜੂਝ ਰਹੇ ਲੋਕਾਂ ਦੇ ਜਲਦੀ ਸਿਹਤਯਾਬ ਹੋਣ ਦੀ ਦੁਆ ਕੀਤੀ।

ਦੋਨਾਂ ਦੇਸ਼ਾਂ ਦੇ ਵਿਸ਼ੇਸ਼ ਸਬੰਧਾਂ 'ਤੇ ਜ਼ੋਰ ਦਿੰਦੇ ਹੋਏ ਪ੍ਰਧਾਨ ਮੰਤਰੀ ਨੇ ਇਸ ਵਿਸ਼ਵਵਿਆਪੀ ਸੰਕਟ ਉੱਤੇ ਇੱਕਠੇ ਕਾਬੂ ਪਾਉਣ ਵਿੱਚ ਭਾਰਤ ਦੇ ਸੰਯੁਕਤ ਰਾਜ ਅਮਰੀਕਾ ਨਾਲ ਇੱਕਜੁਟ ਹੋਣ ਦੀ ਗੱਲ ਦੁਹਰਾਈ। ਦੋਨਾਂ ਆਗੂਆਂ ਨੇ ਕੋਵਿਡ - 19 ਨਾਲ ਦ੍ਰਿੜਤਾ ਅਤੇ ਕਾਰਗਰ ਢੰਗ ਨਾਲ ਜੰਗ ਕਰਨ ਲਈ ਭਾਰਤ - ਅਮਰੀਕਾ ਭਾਈਵਾਲੀ ਦੀ ਪੂਰੀ ਤਾਕਤ ਲਾਉਣ 'ਤੇ ਸਹਿਮਤੀ ਪ੍ਰਗਟਾਈ।

ਪ੍ਰਧਾਨ ਮੰਤਰੀ ਅਤੇ ਅਮਰੀਕੀ ਰਾਸ਼ਟਰਪਤੀ ਨੇ ਇਸ ਮਹਾਂਮਾਰੀ ਦੇ ਸਿਹਤ ਨਾਲ ਜੁੜੇ ਅਤੇ ਆਰਥਿਕ ਅਸਰਾਂ ਨੂੰ ਘੱਟ ਕਰਨ ਲਈ ਆਪਣੇ ਆਪਣੇ ਦੇਸ਼ਾਂ ਵਿੱਚ ਚੁੱਕੇ ਗਏ ਸਬੰਧਤ ਕਦਮਾਂ ਬਾਰੇ ਗੱਲਬਾਤ ਕੀਤੀ।

ਦੋਵਾਂ ਨੇਤਾਵਾਂ ਨੇ ਇਸ ਔਖੀ ਘੜੀ ਵਿੱਚ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ ਯੋਗ ਅਤੇ ਆਯੁਰਵੇਦ (ਜੜੀ-ਬੂਟੀ ਆਧਾਰਿਤ ਰਵਾਇਤੀ ਭਾਰਤੀ ਦਵਾਈਆਂ) ਵਰਗੀਆਂ ਪ੍ਰਥਾਵਾਂ ਦੀ ਮਹੱਤਤਾ ਬਾਰੇ ਵੀ ਗੱਲਬਾਤ ਕੀਤੀ।

ਉਨ੍ਹਾਂ ਨੇ ਵਿਸ਼ਵਵਿਆਪੀ ਕੋਵਿਡ-19 ਸੰਕਟ ਬਾਰੇ ਆਪਣੇ ਅਧਿਕਾਰੀਆਂ ਦੇ ਨੇੜਲੇ ਸੰਪਰਕ ਵਿੱਚ ਰਹਿਣ ਉੱਤੇ ਸਹਿਮਤੀ ਪ੍ਰਗਟਾਈ।

ਨਵੀਂ ਦਿੱਲੀ

04 ਅਪ੍ਰੈਲ, 2020

DISCLAIMER : This is an approximate translation. The original is available in English on MEA's website and may be referred to as the official press release.